# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :14-01-2026**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਕੱਲ੍ਹ 15 ਜਨਵਰੀ ਤੋਂ ਪੰਜਾਬ ਦੇ ਦੋ ਦਿਨਾਂ ਦੌਰੇ 'ਤੇ ਆਉਣਗੇ । ਕਲ ਉਹ ਅੰਮ੍ਰਿਤਸਰ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ 50ਵੇਂ ਗੋਲਡਨ ਜੁਬਲੀ ਕਨਵੋਕੇਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋ ਕੇ 463 ਵਿਦਿਆਰਥੀਆਂ ਨੂੰ ਡਿਗਰੀਆਂ ਤੇ ਮੈਡਲ ਵੰਡਣਗੇ। 16 ਤਰੀਕ ਨੂੰ, ਰਾਸ਼ਟਰਪਤੀ ਜਲੰਧਰ ਵਿਖੇ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਦੇ 21ਵੇਂ ਕਨਵੋਕੇਸ਼ਨ ਵਿੱਚ ਇੱਕ ਹਜ਼ਾਰ 452 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਨਗੇ। ਇਥੇ ਰਾਸ਼ਟਰਪਤੀ ਇੱਕ ਉਚੇ ਰਾਸ਼ਟਰੀ ਝੰਡੇ ਅਤੇ ਸਾਈਬਰ ਸੁਰੱਖਿਆ ਤੇ 5G ਐਂਡ ਬਿਓਂਡ ਲਈ ਦੋ ਐਕਸੀਲੈਂਸ ਕੇਂਦਰਾਂ ਦਾ ਉਦਘਾਟਨ ਵੀ ਕਰਨਗੇ। ਇਸ ਦੌਰਾਨ ਅੰਮ੍ਰਿਤਸਰ ਅਤੇ ਜਲੰਧਰ ਨੂੰ ਹਰ ਤਰ੍ਹਾਂ ਦੇ ਡਰੋਨ, ਹਵਾਈ ਜਹਾਜ਼ਾਂ ਤੇ ਹੈਲੀਕਾਪਟਰਾਂ ਲਈ ਨੋ ਫਲਾਈਂਗ ਜ਼ੋਨ ਐਲਾਨਿਆ ਗਿਆ ਏ।

---------------------------------------------------------------------

ਅੱਜ ਮਾਘੀ ਮੌਕੇ ਸ੍ਰੀ ਮੁਕਤਸਰ ਸਾਹਿਬ ਵਿਖੇ 40 ਮੁਕਤਿਆਂ ਦੀ ਯਾਦ ਵਿਚ ਲੱਗਣ ਵਾਲੇ ਸ਼ਹੀਦੀ ਜੋੜ ਮੇਲੇ ਵਿਚ ਸੰਗਤਾਂ ਹੁਮ ਹੁਮਾ ਕੇ ਪਹੁੰਚ ਰਹੀਆਂ ਨੇ ।ਸੰਗਤ ਤੜਕੇ ਤੋਂ ਹੀ ਗੁਰਦੁਆਰਾ ਸ਼ਹੀਦਗੰਜ ਸਾਹਿਬ ਤੇ ਗੁਰਦੁਆਰਾ ਟੁੱਟੀ ਗੰਡੀ ਸਾਹਿਬ ਵਿਖੇ ਨਤਮਸਤਕ ਹੋ ਰਹੀਆਂ ਨੇ ਤੇ ਸਰੋਵਰ ਵਿੱਚ ਇਸ਼ਨਾਨ ਕਰ ਰਹੀਆਂ ਨੇ।ਇਸ ਸਥਾਨ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮੁਗਲਾਂ ਖਿਲਾਫ ਆਖਰੀ ਜੰਗ ਲੜੀ ਸੀ ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਉਹਨਾਂ ਨੂੰ ਬੇਦਾਵਾ ਦੇ ਕੇ ਆਏ 40 ਸਿੰਘਾਂ ਨੂੰ ਮਾਈ ਭਾਗੋ ਦੀ ਪ੍ਰੇਰਨਾ ਸਦਕਾ ਮੁਕਤਸਰ ਵਿਖੇ ਖਦਰਾਣੇ ਦੀ ਢਾਬ ਤੇ ਗੁਰੂ ਸਾਹਿਬ ਨੇ ਮੁਗਲਾਂ ਨਾਲ ਲੜਾਈ ਵਿਚ ਹਿੱਸਾ ਪਾਉਣ ਤੇ 40 ਮੁਕਤਿਆਂ ਵਜੋਂ ਮਾਣ ਬਖਸ਼ਿਆ ਸੀ । ਮੇਲੇ ਨੂੰ ਮੁਖ ਰੱਖਦਿਆਂ ਜਿਥੇ ਮੁਕਤਸਰ ਸਾਹਿਬ ਵਿਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ ਓਥੇ ਹੀ ਸੰਗਤ ਲਈ ਲੰਗਰਾਂ ਤੇ ਰਿਹਾਇਸ਼ ਆਦਿ ਦੇ ਵੀ ਪ੍ਰਬੰਧ ਕੀਤੇ ਗਏ ਨੇ।

**ਪੇਸ਼ ਏ ਇਕ ਰਿਪੋਰਟ....**

---------------------------------------------------------------------

ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਏ ਕਿ ਪੰਜਾਬ ਸਰਕਾਰ ਨੇ ਐਮਨੈਸਟੀ ਪਾਲਿਸੀ-2025 ਵਿੱਚ ਤਿੰਨ ਮਹੀਨੇ ਦੇ ਵਾਧੇ ਨੂੰ ਪ੍ਰਵਾਨਗੀ ਦਿੰਦਿਆਂ ਇੱਕ ਵੱਡਾ ਲੋਕ-ਪੱਖੀ ਕਦਮ ਚੁੱਕਿਆ ਏ, ਜਿਸ ਨਾਲ ਪੰਜਾਬ ਭਰ ਦੇ ਡਿਫ਼ਾਲਟਰ ਪਲਾਟ ਅਲਾਟੀਆਂ ਨੂੰ ਵੱਡੀ ਰਾਹਤ ਮਿਲੀ ਏ। ਮੰਤਰੀ ਨੇ ਦੱਸਿਆ ਕਿ ਇਸ ਫ਼ੈਸਲੇ ਨਾਲ ਵਿਕਾਸ ਅਥਾਰਟੀਆਂ ਦੇ ਡਿਫ਼ਾਲਟਰ ਅਲਾਟੀਆਂ ਨੂੰ ਇਸ ਨੀਤੀ ਤਹਿਤ 31 ਮਾਰਚ, 2026 ਤੱਕ ਅਪਲਾਈ ਕਰਨ ਦਾ ਨਵਾਂ ਮੌਕਾ ਮਿਲਿਆ ਏ। ਯੋਗ ਬਿਨੈਕਾਰਾਂ ਨੂੰ ਸਬੰਧਤ ਵਿਕਾਸ ਅਥਾਰਟੀ ਦੁਆਰਾ ਮਨਜ਼ੂਰੀ ਦੀ ਮਿਤੀ ਤੋਂ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਬਕਾਇਆ ਰਕਮ ਜਮ੍ਹਾਂ ਕਰਾਉਣੀ ਪਵੇਗੀ ਤੇ ਅਰਜ਼ੀਆਂ ਨਵੀਂ ਐਲਾਨੀ ਮਿਤੀ ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕਰਾਉਣੀਆਂ ਪੈਣਗੀਆਂ।

--------------------------------------------------------------------------------

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਸੂਬੇ ਵਿਚ 881 ਆਮ ਆਦਮੀ ਕਲੀਨਿਕਾਂ ਵਿੱਚ ਐਂਟੀ-ਰੇਬੀਜ਼ ਟੀਕਾਕਰਨ ਸੇਵਾਵਾਂ ਯਕੀਨੀ ਬਣਾ ਕੇ ਜਨਤਕ ਸਿਹਤ ਖੇਤਰ ਵਿੱਚ ਇਕ ਅਹਿਮ ਮੀਲ ਪੱਥਰ ਸਥਾਪਤ ਕੀਤਾ ਗਿਆ ਏ। ਉਹਨਾਂ ਕਿਹਾ ਕਿ ਆਮ ਆਦਮੀ ਕਲੀਨਿਕ ਪੰਜਾਬ ਦੀ ਪ੍ਰਾਇਮਰੀ ਸਿਹਤ ਸੰਭਾਲ ਪ੍ਰਣਾਲੀ ਦੀ

ਰੀੜ੍ਹ ਦੀ ਹੱਡੀ ਵਜੋਂ ਉੱਭਰੇ ਨੇ। ਇਨ੍ਹਾਂ ਸਾਰੇ ਕਲੀਨਿਕਾਂ ਵਿੱਚ ਇਹ ਯਕੀਨੀ ਬਣਾਇਆ ਗਿਆ ਏ ਕਿ ਕੁੱਤੇ ਦੇ ਕੱਟਣ ਦਾ ਇਲਾਜ ਤੁਰੰਤ ਘਰ ਦੇ ਨਜ਼ਦੀਕ, ਬਿਨਾਂ ਕਤਾਰਾਂ ਵਿੱਚ ਲੱਗੇ ਅਤੇ ਬਿਨਾਂ ਕਿਸੇ ਵਿੱਤੀ ਬੋਝ ਦੇ ਉਪਲਬਧ ਕਰਵਾਇਆ ਜਾ ਰਿਹਾ ਏ ਤੇ ਪੂਰੀਆਂ ਪੰਜ ਖੁਰਾਕਾਂ ਵਾਲਾ ਇਹ ਟੀਕਾਕਰਨ ਕੋਰਸ ਨਜ਼ਦੀਕੀ ਕਲੀਨਿਕ ’ਤੇ ਮੁਫ਼ਤ ਪ੍ਰਦਾਨ ਕੀਤਾ ਜਾਂਦਾ ਏ।

---

ਸੂਬੇ ਦੇ ਯੋਜਨਾਬੱਧ ਵਿਕਾਸ ਨੂੰ ਯਕੀਨੀ ਬਣਾਉਣ ਦੇ ਯਤਨਾਂ ਤਹਿਤ ਪੰਜਾਬ ਖੇਤਰੀ, ਸ਼ਹਿਰੀ ਯੋਜਨਾਬੰਦੀ ਤੇ ਵਿਕਾਸ ਬੋਰਡ ਦੀ ਉੱਚ-ਪੱਧਰੀ ਮੀਟਿੰਗ ਪੰਜਾਬ ਭਵਨ ਚੰਡੀਗੜ੍ਹ ਵਿਖੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਪ੍ਰਧਾਨਗੀ ਹੇਠ ਹੋਈ। ਬੋਰਡ ਨੇ ਸੂਬੇ ਭਰ ਵਿੱਚ ਯੋਜਨਾਬੱਧ ਸ਼ਹਿਰੀਕਰਨ ਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਮੁੱਖ ਏਜੰਡਿਆਂ ’ਤੇ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ ਡੇਰਾ ਬਾਬਾ ਨਾਨਕ, ਨੰਗਲ, ਬਰਨਾਲਾ ਤੇ ਨਾਭਾ ਦੇ ਨਵੇਂ ਮਾਸਟਰ ਪਲਾਨਾਂ ਨੂੰ ਪ੍ਰਵਾਨਗੀ ਦਿੱਤੀ। ਇਨ੍ਹਾਂ ਪ੍ਰਵਾਨਗੀਆਂ ਰਾਹੀਂ ਸਬੰਧਤ ਖੇਤਰਾਂ ਦੇ ਯੋਜਨਾਬੱਧ ਵਿਕਾਸ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਨਵੇਂ

ਉਦਯੋਗਿਕ ਹੱਬਾਂ ਤੇ ਰਿਹਾਇਸ਼ੀ ਟਾਊਨਸ਼ਿਪਾਂ ਰਾਹੀਂ ਨਿਵੇਸ਼ ਦੇ ਨਵੇਂ ਰਾਹ ਖੁੱਲ੍ਹਣਗੇ। ਮੀਟਿੰਗ ਵਿੱਚ ਸਥਾਨਕ ਸਰਕਾਰਾਂ ਬਾਰੇ ਮੰਤਰੀ ਇੰਚਾਰਜ ਸੰਜੀਵ ਅਰੋੜਾ ਨੇ ਵੀ ਸ਼ਿਰਕਤ ਕੀਤੀ ਜਦਕਿ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਹਰਭਜਨ ਸਿੰਘ ਤੇ ਹੋਰਨਾਂ ਅਧਿਕਾਰੀਆਂ ਨੇ ਆਨਲਾਈਨ ਮੀਟਿੰਗ ਵਿੱਚ ਹਿੱਸਾ ਲਿਆ।

---------------------------------------------------------------------------

ਜਲੰਧਰ ਦੇ ਖੇਤਰੀ ਪਾਸਪੋਰਟ ਅਧਿਕਾਰੀ ਸ੍ਰੀ ਯਸ਼ਪਾਲ ਨੇ ਆਮ ਜਨਤਾ ਨੂੰ ਸੂਚਿਤ ਕੀਤਾ ਏ ਕਿ ਐਮੀਨੈਂਟ ਮਾਲ, ਗੁਰੂ ਨਾਨਕ ਮਿਸ਼ਨ ਚੌਕ, ਲਾਜਪਤ ਨਗਰ, ਜਲੰਧਰ ਵਿੱਚ ਸਥਿਤ ਪਾਸਪੋਰਟ ਸੇਵਾ ਕੇਂਦਰ ਨੂੰ ਤਬਦੀਲ ਕਰ ਕੇ ਜੀਟੀ ਰੋਡ, ਪਰਾਗਪੁਰ, ਜਲੰਧਰ ਸਥਿਤ ਸੈਫਰਾਨ ਟਾਵਰ ਵਿਚ ਇੱਕ ਪਾਸਪੋਰਟ ਕੇਂਦਰ ਨਾਲ ਮਿਲਾਇਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਇਹ ਕਦਮ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਵੱਲੋਂ ਪਾਸਪੋਰਟ ਸੇਵਾਵਾਂ ਨੂੰ ਸੁਚੱਜਾ ਬਣਾਉਣ ਲਈ ਉਠਾਇਆ ਗਿਆ ਏ। ਉਹਨਾਂ ਕਿਹਾ ਕਿ ਪਾਸਪੋਰਟ ਸੇਵਾ ਕੇਂਦਰ ਐਮੀਨੈਂਟ ਮਾਲ ਵਿੱਚ ਪਾਸਪੋਰਟ ਅਪਾਇੰਟਮੈਂਟ ਬੁੱਕ ਕਰਨ ਵਾਲੇ ਸਾਰੇ ਬਿਨੈਕਾਰ ਆਪਣੀ ਨਿਰਧਾਰਿਤ ਤਰੀਕ ਤੇ ਸਮੇਂ ’ਤੇ ਸੈਫਰਾਨ ਟਾਵਰ ਪਹੁੰਚਣ।